**ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਨੇ ਰਾਸ਼ਟਰਪਤੀ ਪੁਤਿਨ ਨਾਲ ਗੱਲ ਕੀਤੀ**

08 ਅਗਸਤ 2025

ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਨੇ ਅੱਜ ਰੂਸੀ ਫੈਡਰੇਸ਼ਨ ਦੇ ਰਾਸ਼ਟਰਪਤੀ, ਮਹਾਮਹਿਮ ਸ਼੍ਰੀ ਵਲਾਦੀਮੀਰ ਪੁਤਿਨ ਦੇ ਨਾਲ ਟੈਲੀਫੋਨ 'ਤੇ ਪਰਸਪਰ ਗੱਲਬਾਤ ਕੀਤੀ।

ਰਾਸ਼ਟਰਪਤੀ ਪੁਤਿਨ ਨੇ ਯੂਕ੍ਰੇਨ ਨਾਲ ਸਬੰਧਿਤ ਨਵੀਨਤਮ ਘਟਨਾਕ੍ਰਮਾਂ ਤੋਂ ਪ੍ਰਧਾਨ ਮੰਤਰੀ ਨੂੰ ਜਾਣੂ ਕਰਵਾਇਆ।

ਪ੍ਰਧਾਨ ਮੰਤਰੀ ਨੇ ਰਾਸ਼ਟਰਪਤੀ ਪੁਤਿਨ ਦਾ ਉਨ੍ਹਾਂ ਦੇ ਵਿਸਤ੍ਰਿਤ ਮੁੱਲਾਂਕਣ ਦੇ ਲਈ ਧੰਨਵਾਦ ਕਰਦੇ ਹੋਏ, ਸੰਘਰਸ਼ ਦੇ ਸ਼ਾਂਤੀਪੂਰਨ ਸਮਾਧਾਨ ਦੇ ਲਈ ਭਾਰਤ ਦੇ ਦ੍ਰਿੜ੍ਹ ਰੁਖ਼ ਨੂੰ ਦੁਹਰਾਇਆ।

ਦੋਹਾਂ ਨੇਤਾਵਾਂ ਨੇ ਦੁਵੱਲੇ ਏਜੰਡਾ ਵਿੱਚ ਪ੍ਰਗਤੀ ਦੀ ਵੀ ਸਮੀਖਿਆ ਕੀਤੀ ਅਤੇ ਭਾਰਤ-ਰੂਸ ਦੇ ਦਰਮਿਆਨ ਵਿਸ਼ੇਸ਼ ਅਤੇ ਵਿਸ਼ੇਸ਼ਾਧਿਕਾਰ ਪ੍ਰਾਪਤ ਰਣਨੀਤਕ ਸਾਂਝੇਦਾਰੀ ਨੂੰ ਹੋਰ ਗਹਿਰਾ ਕਰਨ ਦੀ ਆਪਣੀ ਪ੍ਰਤੀਬੱਧਤਾ ਦੁਹਰਾਈ।

ਪ੍ਰਧਾਨ ਮੰਤਰੀ ਨੇ ਰਾਸ਼ਟਰਪਤੀ ਪੁਤਿਨ ਨੂੰ ਇਸ ਸਾਲ ਦੇ ਅੰਤ ਵਿੱਚ ਹੋਣ ਵਾਲੇ 23ਵੇਂ ਭਾਰਤ- ਰੂਸ ਸਾਲਾਨਾ ਸਮਿਟ ਦੇ ਲਈ ਸੱਦਾ ਦਿੱਤਾ।

ਨਵੀਂ ਦਿੱਲੀ

08 ਅਗਸਤ 2025